ਮਹਾਤਮਾ ਗਾਂਧੀ ਸਰਬੱਤ ਵਿਕਾਸ ਯੋਜਨਾ ਤਹਿਤ ਵੱਖ-ਵੱਖ ਸਕੀਮਾਂ ਤੇ ਪ੍ਰੋਗਰਾਮਾਂ ਨੂੰ ਲੋੜਵੰਦਾਂ ਤੱਕ ਪਹੁੰਚਾਉਣ ਲਈ ਕੀਤੀ ਜਾਵੇਗੀ ਯੋਗ ਲਾਭਪਾਤਰੀਆਂ ਦੀ ਪਛਾਣ : ਡਿਪਟੀ ਕਮਿਸ਼ਨਰ

ਗ਼ਰੀਬ ਵਰਗ ਦੇ ਲੋਕਾਂ ਨੂੰ ਰਹਿਣ ਸਹਿਣ ਦੀਆਂ ਮੁੱਢਲੀਆਂ ਸਹੂਲਤਾਂ ਦੇਣ ਦੇ ਨਾਲ-ਨਾਲ ਚੰਗਾ ਜੀਵਨ ਜਿਓੂਣ ਦੇ ਮੌਕੇ ਪ੍ਰਦਾਨ ਕੀਤੇ ਜਾਣਗੇ

ਤਰਨਤਾਰਨ, 6 ਅਕਤੂਬਰ :

ਮਹਾਤਮਾ ਗਾਂਧੀ ਸਰਬੱਤ ਵਿਕਾਸ ਯੋਜਨਾ ਦੇ ਤਹਿਤ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਤੇ ਪ੍ਰੋਗਰਾਮਾਂ ਨੂੰ ਲੋੜਵੰਦ ਲੋਕਾਂ ਤੱਕ ਪਹੁੰਚਾਉਣ ਦੇ ਆਦੇਸ਼ ਨਾਲ ਯੋਗ ਲਾਭਪਾਤਰੀਆਂ ਦੀ ਪਛਾਣ ਕਰਨ ਦੇ ਲਈ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਪ੍ਰੋ. ਰਾਕੇਸ਼ ਕੁਮਾਰ, ਸਿਵਲ ਸਰਜਨ ਡਾ. ਸ਼ਮਸ਼ੇਰ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰ. ਜਗਜੀਤ ਸਿੰਘ ਬੱਲ, ਜ਼ਿਲ੍ਹਾ ਮਾਲ ਅਫ਼ਸਰ ਸ੍ਰ. ਅਰਵਿੰਦਰਪਾਲ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸ੍ਰ. ਨਿਰਮਲ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਸ੍ਰ. ਬਲਬੀਰ ਸਿੰਘ, ਐਕਸੀਅਨ ਜਲ ਤੇ ਸੈਨੀਟੇਸ਼ਨ ਵਿਭਾਗ ਸ੍ਰ. ਨਰਿੰਦਰ ਸਿੰਘ, ਜ਼ਿਲ੍ਹਾ ਸਮਾਜਿਕ ਤੇ ਸੁਰੱਖਿਆ ਅਫ਼ਸਰ ਸ੍ਰੀਮਤੀ ਕਿਰਨ ਸਿਆਲ, ਉਪ ਅਰਥ ਤੇ ਆਂਕੜਾ ਵਿਭਾਗ ਦੇ ਡਿਪਟੀ ਈ. ਐਸ. ਏ. ਸ੍ਰ. ਅਮਨਦੀਪ ਸਿੰਘ, ਜ਼ਿਲ੍ਹਾ ਰੋਜਗਾਰ ਅਫ਼ਸਰ ਸ੍ਰ. ਦਿਲਬਾਗ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਹਾਤਮਾ ਗਾਂਧੀ ਸਰਬੱਤ ਵਿਕਾਸ ਯੋਜਨਾ ਦਾ ਉਦੇਸ਼ ਸਮਾਜ ਦੇ ਹਰ ਵਰਗ ਨੂੰ ਸਮਾਜਿਕ ਨਿਆਂ ਤੇ ਸਮਾਨਤਾ ਦੇ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਗ਼ਰੀਬ ਵਰਗ ਦੇ ਲੋਕਾਂ ਨੂੰ ਰਹਿਣ ਸਹਿਣ ਦੀਆਂ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਚੰਗਾ ਜੀਵਨ ਜਿਓੂਣ ਦੇ ਮੌਕੇ ਪ੍ਰਦਾਨ ਕੀਤੇ ਜਾਣਗੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਕਰਜ਼ੇ ਦੇ ਬੋਝ ਹੇਠਾਂ ਦਬੇ ਕਿਸਾਨਾਂ, ਕੈਂਸਰ ਤੇ ਏਡਜ਼ ਵਰਗੀਆਂ ਬਿਮਾਰੀਆਂ ਤੋਂ ਪੀੜ੍ਹਤ ਮੈਂਬਰਾਂ ਦੇ ਪਰਿਵਾਰਾਂ, ਜੰਗ ਵਿੱਚ ਸ਼ਹੀਦ ਹੋਏ ਫ਼ੌਜੀਆਂ ਦੇ ਪਰਿਵਾਰਾਂ, ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ, ਬੇਘਰ ਪਰਿਵਾਰਾਂ, ਅੰਗਹੀਣ ਵਿਅਕਤੀ ਦੇ ਪਰਿਵਾਰਾਂ, 18 ਸਾਲ ਤੋਂ ਵੱਧ ਦੇ ਬੇਰੁਜ਼ਗਾਰ ਨੌਜਵਾਨਾਂ, ਸਲੱਮ ਏਰੀਏ ਵਿੱਚ ਰਹਿਣ ਵਾਲੇ ਪਰਿਵਾਰਾਂ, ਤੇਜ਼ਾਬੀ ਹਮਲੇ ਦੇ ਸ਼ਿਕਾਰ ਲੋਕਾਂ, ਨਸ਼ੇ ਦੇ ਸ਼ਿਕਾਰ ਵਿਅਕਤੀਆਂ, ਅੰਗਹੀਣ ਵਿਅਕਤੀਆਂ, ਭਿਖਾਰੀਆਂ ਆਦਿ ਨੂੰ ਵੱਖ-ਵੱਖ ਵਿਭਾਗਾਂ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਤਹਿਤ ਲੋੜੀਂਦੀ ਹਰ ਸੰਭਵ ਮਦਦ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਲਾਭ ਪ੍ਰਾਪਤ ਕਰਨ ਵਾਲੇ ਵਿਅਕਤੀਆਂ ਜਾਂ ਪਰਿਵਾਰਾਂ ਦੀ ਸਲਾਨਾ ਆਮਦਨ 60 ਹਜ਼ਾਰ ਰੁਪਏ ਤੋਂ ਵੱਧ ਨਹੀਂ ਹੋਣੀ ਚਾਹੀਦੀ ਤੇ ਨਾ ਹੀ ਢਾਈ ਏਕੜ ਤੋਂ ਜ਼ਿਆਦਾ ਜ਼ਮੀਨ ਹੋਣੀ ਚਾਹੀਦੀ ਹੈ ਤੇ ਲਾਭਪਾਤਰੀ ਪੰਜਾਬ ਰਾਜ ਦਾ ਪੱਕਾ ਵਾਸੀ ਹੋਣਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਅਜਿਹੇ ਲਾਭਪਾਤਰੀਆਂ ਦੀ ਪਛਾਣ ਕਰਨ ਦੇ ਲਈ ਪਿੰਡ ਪੱਧਰ ’ਤੇ ਤਿੰਨ ਮੈਂਬਰੀ ਕਮੇਟੀ ਬਣਾਈ ਜਾਵੇਗੀ, ਜਿਸ ਵਿਚ ਪੰਚਾਇਤ ਸੈਕੇਟਰੀ, ਸਮਾਜ ਸੇਵਾ ਲਈ ਸਮਰਪਿਤ ਵਿਅਕਤੀਆਂ ਤੋਂ ਇਲਾਵਾ ਸਰਕਾਰੀ ਅਧਿਕਾਰੀ ਸ਼ਾਮਿਲ ਹੋਣਗੇ। ਉਨ੍ਹਾਂ ਦੱਸਿਆ ਕਿ ਇਸ ਕਮੇਟੀ ਦੀ ਅਗਵਾਈ ਕਰਨ ਲਈ ਜ਼ਿਲ੍ਹਾ ਪੱਧਰ, ਸਬ ਡਵੀਜ਼ਨ ਪੱਧਰ ਜਾਂ ਬਲਾਕ ਪੱਧਰ ਦੇ ਅਧਿਕਾਰੀ ਜਿਵੇਂ ਐਕਸੀਅਨ, ਡੀ. ਐਫ. ਐਸ. ਓ., ਬੀ. ਡੀ. ਪੀ. ਓ. ਆਦਿ ਲਗਾਏ ਜਾਣਗੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਉਹ ਆਪਣੇ-ਆਪਣੇ ਵਿਭਾਗ ਨਾਲ ਸੰਬੰਧਿਤ ਲਾਭਪਾਤਰੀਆਂ ਦੀ ਲਿਸਟ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਦੇ ਦਫ਼ਤਰ ਵਿੱਚ ਜਲਦੀ ਤੋਂ ਜਲਦੀ ਭੇਜਣੀ ਯਕੀਨੀ ਬਣਾਉਣ।

--------------------------